# ਰੱਖਿਆ ਦੇ ਸ਼ਬਦ

ਸਿਰ ਮਸ੍ਤਕ ਰਖ੍ਯਾ ਪਾਰਬ੍ਰਹਮੰ ਹਸ੍ਤ ਕਾਯਾ ਰਖ੍ਯਾ ਪਰਮੇਸ੍ਵਰਹ॥ ਆਤਮ ਰਖ੍ਯਾ ਗੋਪਾਲ ਸੁਆਮੀ ਧਨ ਚਰਣ ਰਖ੍ਯਾ ਜਗਦੀਸ੍ਵਰਹ॥ ਸਰਬ ਰਖ੍ਯਾ ਗੁਰ ਦਯਾਲਹ ਭੈ ਦੂਖ ਬਿਨਾਸਨਹ॥ ਭਗਤਿ ਵਛਲ ਅਨਾਥ ਨਾਥੇ ਸਰਣਿ ਨਾਨਕ ਪੁਰਖ ਅਚੁਤਹ॥ ੫੨॥ (੧੩੫੮)

ਘੋਰ ਦੁਖ੍ੰ ਅਨਿਕ ਹਤ੍ੰ ਜਨਮ ਦਾਰਿਦ੍ਰੰ ਮਹਾ ਬਿਖ੍ਯਾਦੰ॥ ਮਿਟੰਤ ਸਗਲ ਸਿਮਰੰਤ ਹਰਿ ਨਾਮ ਨਾਨਕ ਜੈਸੇ ਪਾਵਕ ਕਾਸਟ ਭਸਮੰ ਕਰੋਤਿ॥ ੧੮॥

(੧੩੫੫)

## ਸੋਰਠਿ ਮਹਲਾ ੫ ॥

ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥ ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ ਕਰਿ ਭਾਗਾ ॥ ੧ ॥ ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥ ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥ ੨ ॥ ੪ ॥ ੬੮ ॥ (੬੨੬)

## ਬਿਲਾਵਲੁ ਮਹਲਾ ੫ ॥

ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮ ਕਾਰ ਦੁਖੁ ਲਗੈ ਨ ਭਾਈ ॥ ੧ ॥ ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ ॥

ਰਾਮ ਨਾਮੁ ਅਉਖਧੁ ਦੀਆ ਏਕਾ ਲਿਵ ਲਾਈ॥ ੧॥ ਰਹਾਉ॥ ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ॥ ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ॥ ੨॥ ੧੫॥ ੭੯॥ (੮੧੯)

ਸਲੋਕੁ॥

ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ॥ ਣਾ ਹਉ ਣਾ ਤੂੰ ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ॥ ੧॥ (੨੫੬)

ਸਲੋਕ ਮਃ ੫॥

ਮਨ ਮਹਿ ਚਿਤਵਉ ਚਿਤਵਨੀ ਉਦਮੁ ਕਰਉ ਉਠਿ ਨੀਤ॥ ਹਰਿ ਕੀਰਤਨ ਕਾ ਆਹਰੋ ਹਰਿ ਦੇਹੁ ਨਾਨਕ ਕੇ ਮੀਤ॥ ੧॥ (੫੧੯)